# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-04-2024**

ਕੇਂਦਰ ਸਰਕਾਰ ਨੇ ਬੰਗਲਾਦੇਸ਼, ਸੰਯੁਕਤ ਅਰਬ ਅਮੀਰਾਤ, ਭੂਟਾਨ, ਬਹਿਰੀਨ, ਮਾਰੀਸ਼ਸ ਅਤੇ ਸ੍ਰੀਲੰਕਾ ਨੂੰ 99 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ ਪਿਆਜ਼ ਬਰਾਮਦ ਕਰਨ ਦੀ ਇਜਾਜ਼ਤ ਦਿੱਤੀ ਏ। ਸਰਕਾਰ ਨੇ ਪੱਛਮੀ ਏਸ਼ੀਆ ਅਤੇ ਕੁਝ ਯੂਰਪੀ ਦੇਸ਼ਾਂ ਨੂੰ ਦੋ ਹਜ਼ਾਰ ਮੀਟ੍ਰਿਕ ਟਨ ਵਿਸ਼ੇਸ਼ ਤੌਰ 'ਤੇ ਉਗਾਇਆ ਗਿਆ ਚਿੱਟਾ ਪਿਆਜ਼ ਬਰਾਮਦ ਕਰਨ ਦੀ ਇਜਾਜ਼ਤ ਵੀ ਦਿੱਤੀ ਏ। ਪਿਛਲੇ ਸਾਲ ਦਸੰਬਰ ਵਿੱਚ ਸਾਲ 2023-24 ਵਿੱਚ ਸਾਉਣੀ ਤੇ ਹਾੜੀ ਦੀਆਂ ਫਸਲਾਂ ਦੇ ਅਨੁਮਾਨਿਤ ਘੱਟ ਝਾੜ ਦੇ ਮੱਦੇਨਜ਼ਰ ਅਤੇ ਲੋੜੀਂਦੀ ਘਰੇਲੂ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਲਗਾਈ ਗਈ ਸੀ। ਖਪਤਕਾਰ ਮਾਮਲਿਆਂ ਦੇ ਮੰਤਰਾਲੇ ਨੇ ਕਿਹਾ ਏ, ਕਿ ਕੀਮਤ ਸਥਿਰਤਾ ਫੰਡ ਦੇ ਤਹਿਤ ਇਸ ਸਾਲ ਹਾੜੀ- 2024 ਤੋਂ ਪਿਆਜ਼ ਦੀ ਬਫਰ ਖਰੀਦ ਦਾ

ਟੀਚਾ ਪੰਜ ਲੱਖ ਟਨ ਰੱਖਿਆ ਗਿਆ ਏ । ਭਾਰਤੀ ਕੌਮੀ ਸਹਿਕਾਰੀ ਖਪਤਕਾਰ ਫੈਡਰੇਸ਼ਨ ਅਤੇ ਨੈਫੇਡ ਵਰਗੀਆਂ ਕੇਂਦਰੀ ਏਜੰਸੀਆਂ ਖਰੀਦ ਅਤੇ ਭੰਡਾਰ ਵਿੱਚ ਸਹਿਯੋਗ ਲਈ ਸਥਾਨਕ ਏਜੰਸੀਆਂ ਨਾਲ ਸਮਝੌਤਾ ਕਰ ਰਹੀਆਂ ਨੇ ।

---------------------------------------------------------------

ਆਉਂਦੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਕਰਵਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਵਿੱਚ, ਅੰਮ੍ਰਿਤਸਰ ਜ਼ਿਲ੍ਹੇ ਨੇ ਲਗਾਤਾਰ ਦੂਜੀ ਵਾਰ ਪੂਰੇ ਰਾਜ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਏ । ਪੰਜਾਬ ਦੇ ਮੁੱਖ ਚੋਣ ਦਫ਼ਤਰ ਵਲੋਂ ਜਾਰੀ ਸੂਚੀ ਵਿੱਚ ਜ਼ਿਲ੍ਹਾ ਲੁਧਿਆਣਾ ਦੂਜੇ ਅਤੇ ਪਟਿਆਲਾ ਤੀਜੇ ਸਥਾਨ ਤੇ ਰਹੇ । ਇਸ ਸੂਚੀ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਬੱਸ ਅੱਡੇ ਅਤੇ ਰੇਲਵੇ ਸਟੇਸ਼ਨ ਤੇ ਕਰਵਾਈ ਗਈ ਅਤੇ ਜ਼ਿਲ੍ਹਾ ਮਲੇਰਕੋਟਲਾ ਵਲੋਂ ਈਦ ਮੌਕੇ ਕਰਵਾਈ ਗਈ ਨਿਵੇਕਲੀ ਗਤੀਵਿਧੀ ਦਾ ਵੀ ਵਿਸ਼ੇਸ਼ ਜ਼ਿਕਰ ਕੀਤਾ ਗਿਆ ਏ । ਅੰਮ੍ਰਿਤਸਰ ਦੇ ਜ਼ਿਲ੍ਹਾ ਚੋਣ ਅਫ਼ਸਰ ਦੇ ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ ਨੇ ਕਿਹਾ ਕਿ ਜ਼ਿਲ੍ਹਾ ਅੰਮ੍ਰਿਤਸਰ

ਲਈ ਇਹ ਬਹੁਤ ਮਾਣ ਵਾਲੀ ਗੱਲ ਏ, ਕਿ ਅਸੀਂ ਲਗਾਤਰ ਦੂਜੀ ਵਾਰ ਪਹਿਲੇ ਨੰਬਰ ਤੇ ਰਹੇ ਹਾਂ। ਉਨਾਂ ਦੱਸਿਆ ਕਿ ਮੁੱਖ ਚੋਣ ਦਫ਼ਤਰ ਵਲੋਂ ਹਰ 15 ਦਿਨਾਂ ਬਾਅਦ ਹਰ ਜ਼ਿਲ੍ਹੇ ਵਿੱਚ ਹੋਣ ਵਾਲੀਆਂ ਸੁਚਾਰੂ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਗਤੀਵਿਧੀਆਂ ਦੀ ਰਿਪੋਰਟ ਮੰਗਵਾਈ ਜਾ ਰਹੀ ਏ। 'ਸਵੀਪ' ਕੋਰ ਕਮੇਟੀ ਅੰਮ੍ਰਿਤਸਰ ਦੇ ਚੇਅਰਪਰਸਨ ਅਤੇ ਸ਼ਹਿਰੀ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਨੇ ਦੱਸਿਆ ਕਿ ਚੋਣ ਕਮਿਸ਼ਨ ਨੇ ਵੋਟਰਾਂ ਨੂੰ ਪ੍ਰੇਰਿਤ ਕਰਨ ਕਈ ਲਗਾਤਾਰ ਨਿਵੇਕਲੀਆਂ ਗਤੀਵਿਧੀਆਂ ਕਰਵਾਉਣ ਦੀਆਂ ਹਦਾਇਤਾਂ ਦਿਤੀਆਂ ਨੇ, ਜਿਸ ਤੇ ਅਮਲ ਕਰਦੇ ਹੋਏ ਜ਼ਿਲੇ ਦੇ ਸਾਰੇ ਹੀ ਵਿਧਾਨਸਭਾ ਖੇਤਰਾਂ ਵਿੱਚ ਜੰਗੀ ਪੱਧਰ ਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ।

----------------------------------------------------------------

ਫ਼ਰੀਦਕੋਟ ਦੇ ਜ਼ਿਲਾ ਚੋਣ ਅਫ਼ਸਰ ਵਿਨੀਤ ਕੁਮਾਰ ਦੀ ਅਗਵਾਈ ਹੇਠ ਬਾਬਾ ਬੰਦਾ ਬਹਾਦਰ ਗਰੁੱਪ ਆਫ ਇੰਸਟੀਚਿਊਟਸ ਵਿਖੇ ਆਯੋਜਿਤ ਵੋਟਰ ਜਾਗਰੂਕਤਾ ਸਮਾਗਮ ਵਿਚ ਨਰਸਿੰਗ ਕਾਲਜ ਦੇ

ਵਿਦਿਆਰਥੀਆਂ ਨੇ ਹਿੱਸਾ ਲਿਆ। ਪ੍ਰਿੰਸੀਪਲ ਡਾ.ਸਮੀਰ ਸ਼ਰਮਾ ਨੇ ਵਿਦਿਆਰਥੀਆਂ ਨੂੰ 'ਚੋਣਾਂ ਦਾ ਪਰਵ-ਦੇਸ਼ ਦਾ ਗਰਵ' ਸਲੋਗਨ ਨੂੰ ਮਨ 'ਚ ਵਸਾਉਣ ਵਾਸਤੇ ਪ੍ਰੇਰਿਤ ਕੀਤਾ। ਐਸ.ਡੀ.ਐਮ ਮੇਜਰ ਡਾ.ਵਰੁਣ ਕੁਮਾਰ ਨੇ ਕਿਹਾ ਕਿ 18 ਸਾਲ ਦੀ ਉਮਰ ਦੇ ਹੋਰ ਵੋਟਰ ਦੀ ਵੋਟ ਬਣਾਉਣ ਲਈ ਪੂਰੀ ਸੁਹਿਦਰਤਾ ਨਾਲ ਕੰਮ ਕੀਤਾ ਜਾ ਰਿਹਾ ਏ। ਸਵੀਪ ਦੇ ਜ਼ਿਲਾ ਨੋਡਲ ਅਫ਼ਸਰ ਪ੍ਰਦੀਪ ਦਿਓੜਾ ਨੇ ਕਿਹਾ ਕਿ ਇਸ ਵਾਰ 70 ਪਾਰ ਸਲੋਗਨ ਦੀ ਕਾਮਯਾਬੀ ਲਈ ਜ਼ਿਲੇ ਅੰਦਰ ਮਿਲ ਕੇ ਨਿਰੰਤਰ ਕੰਮ ਕਰਨਾ ਚਾਹੀਦਾ ਏ। ਵਿਦਿਆਰਥੀਆਂ ਵਲੋਂ ਕੁਇਜ਼, ਜਾਗੋ, ਨਾਟਕ, ਗੀਤਾ, ਕਵਿਤਾ, ਭਾਸ਼ਣ, ਲੋਕ ਨਾਚ ਗਿੱਧਾ, ਪੋਸਟਰ ਮੇਕਿੰਗ ਅਤੇ ਸਲੋਗਨ ਮੇਕਿੰਗ ਮੁਕਾਬਲਿਆਂ ਰਾਹੀਂ ਵੋਟਰ ਜਾਗਰੂਕਤਾ ਸੁਨੇਹੇ ਦਿਤੇ ਗਏ। ਇਸ ਮੌਕੇ ਵੋਟਰ ਜਾਗਰੂਕਤਾ ਸਬੰਧੀ ਕਰਵਾਏ ਵੱਖ-ਵੱਖ ਮੁਕਾਬਿਲਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

---------------------------------------------------------

ਏਧਰ ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਚੋਣ ਅਫ਼ਸਰ ਪਰਨੀਤ ਸ਼ੇਰਗਿੱਲ

ਦੀਆਂ ਹਦਾਇਤਾਂ ਮੁਤਾਬਕ ਸਵੀਪ ਪ੍ਰੋਗਰਾਮ ਤਹਿਤ ਵੋਟ ਪਾਉਣ ਦਾ ਸੁਨੇਹਾ ਘਰ-ਘਰ ਪੁੱਜਦਾ ਕਰਨ ਲਈ ਵੱਖੋ-ਵੱਖ ਫ਼ਲਾਂ ਨੂੰ ਲੋਕਾਂ ਨੂੰ ਵੋਟ ਪਾਉਣ ਦਾ ਸੱਦਾ ਦੇਣ ਦਾ ਸਾਧਨ ਬਣਾਇਆ ਗਿਆ ਏ। ਇਸ ਵਿਲੱਖਣ ਉਪਰਾਲੇ ਤਹਿਤ ਨਾਰੀਅਲ, ਖਰਬੂਜੇ ਤੇ ਤਰਬੂਜ਼ਾਂ ਉੱਤੇ ਵੋਟ ਪਾਉਣ ਦਾ ਸੱਦਾ ਦਿੰਦੇ ਸਟਿੱਕਰ ਲਾਏ ਜਾ ਰਹੇ ਨੇ। ਗੁਰਦੁਆਰਾ ਸ੍ਰੀ ਪਾਤਸ਼ਾਹੀ ਛੇਵੀਂ ਨੇੜੇ ਇਸ ਮੁਹਿੰਮ ਦੀ ਸ਼ੁਰੂਆਤ ਤਹਿਤ ਜਾਗਰੂਕਤਾ ਸਟਿੱਕਰ ਲੱਗੇ ਨਾਰੀਅਲ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਗਾਹਕਾਂ ਨੂੰ ਸੌਂਪੇ ਗਏ ਤੇ ਵੋਟ ਪਾਉਣ ਦੀ ਪ੍ਰਕਿਰਿਆ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਗਈ। ਵਿਧਾਨਸਭਾ ਹਲਕਾ ਬਸੀ ਪਠਾਣਾ ਦੀ ਸਰਕਾਰੀ ਆਈ.ਟੀ.ਆਈ. ਦੇ ਵਿਦਿਆਰਥੀਆਂ ਵੱਲੋਂ ਵੀ ਵੋਟਰ ਜਾਗਰੂਕਤਾ ਨੂੰ ਲੈ ਕੇ ਰੰਗੋਲੀ ਤੇ ਮਹਿੰਦੀ ਪ੍ਰਤੀਯੋਗਤਾ ਵੀ ਕਰਵਾਈ ਗਈ। ਇਸ ਤੋਂ ਇਲਾਵਾ ਸਰਕਾਰੀ ਸੀਨੀਅਰ ਸੰਕੈਡਰੀ ਸਕੂਲ ਮੁਸਤਫਾ-ਬਾਦ, ਹਾਈ ਸਕੂਲ ਬੜੈਚਾ ਤੇ ਮੁਲੇਪੁਰ ਸਕੂਲ ਦੇ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਦੱਸਣ ਸਬੰਧੀ ਭਾਸ਼ਣ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਸਹਾਇਕ ਸਵੀਪ ਨੋਡਲ ਅਫਸਰ ਨੇ ਦੱਸਿਆ ਕਿ ਜਿਲ੍ਹੇ ਵਿਚ ਹਲਕਾ

ਪੱਧਰ ਤੇ ਸਵੀਪ ਨੋਡਲ ਅਫਸਰਾਂ ਅਤੇ ਉਨਾਂ ਦੀਆਂ ਟੀਮਾਂ ਵਲੋਂ ਲੋਕਾਂ ਨੂੰ ਵੋਟਾਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਏ ।

---------------------------------------------------------------

ਲੁਧਿਆਣਾ ਦੇ ਸਵੀਪ ਨੋਡਲ ਅਫ਼ਸਰ ਬਲਵੰਤ ਸਿੰਘ ਅਤੇ ਸਹਿ-ਨੋਡਲ ਰਜਿੰਦਰ ਸਿੰਘ ਦੀ ਅਗੁਵਾਈ ਅਤੇ ਐਨ.ਜੀ.ਓ ਇਨੀ-ਸੀਏਟਰਜ ਆਫ ਚੇਂਜ ਵਲੋਂ ਗੁਰਦੁਆਰਾ ਸ੍ਰੀ ਸਿੰਘ ਸਭਾ ਅਤੇ ਮੁਖ ਬਾਜ਼ਾਰ ਵਿੱਚ ਨੁੱਕੜ ਨਾਟਕ ਕਰਵਾਇਆ ਗਿਆ । ਨੁੱਕੜ ਨਾਟਕ ਰਾਹੀਂ ਆਮ ਲੋਕਾਂ ਨੂੰ ਨਸ਼ੇ ਜਾ ਕਿਸੇ ਹੋਰ ਲਾਲਚ ਤੋਂ ਬਿਨਾ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ ਗਿਆ। ਆਮ ਲੋਕਾਂ ਵੱਲੋਂ ਇਸ ਨੁੱਕੜ ਨਾਟਕ ਵਿੱਚ ਦਿਲਚਸਪੀ ਵਿਖਾਈ । ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪਹਿਲੀ ਵਾਰ ਵੋਟਰਾਂ ਦੇ ਨਾਮ ਰਜਿਸਟਰ ਕਰਵਾਉਣ ਲਈ ਜ਼ਿਲ੍ਹੇ ਭਰ ਵਿੱਚ ਵੋਟਰ ਰਜਿਸਟ੍ਰੇਸ਼ਨ ਕੈਂਪ ਵੀ ਲਗਾਏ ਜਾ ਰਹੇ ਨੇ । ਨਵੇਂ ਯੋਗ ਵੋਟਰ, ਵੋਟਰ ਰਜਿਸਟ੍ਰੇਸ਼ਨ 4 ਮਈ ਤੱਕ ਕਰਵਾ ਸਕਦੇ ਨੇ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਬਿਨਾਂ ਕਿਸੇ ਡਰ-ਭੈਅ ਅਤੇ ਲਾਲਚ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨਾ ਚਾਹੀਦਾ ਏ ।

---------------------------------------------------------------------------

ਸੀਮਾ ਸੁਰੱਖਿਆ ਬੱਲ ਦੇ ਖੁਫੀਆ ਵਿੰਗ ਨੇ ਕੱਲ ਜ਼ਿਲ੍ਹਾ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਨੇੜਿਓਂ  515 ਗ੍ਰਾਮ ਹੈਰੋਇਨ ਨਾਲ ਇੱਕ ਡਰੋਨ ਬਰਾਮਦ ਕੀਤਾ ਏ। ਇੱਕ ਖੁਫੀਆ ਸੂਹ ਦੇ ਅਧਾਰ 'ਤੇ ਬੀ.ਐਸ.ਐਫ ਜਵਾਨਾਂ ਨੇ ਸ਼ੱਕੀ ਖੇਤਰ ਵਿੱਚ ਤਲਾਸ਼ੀ ਮੁਹਿੰਮ ਚਲਾਈ ਜਿਸ ਦੌਰਾਨ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਧਨੋਏ ਖੁਰਦ ਦੇ ਨਾਲ ਲੱਗਦੇ ਇੱਕ ਖੇਤ ਵਿਚੋਂ 515 ਗ੍ਰਾਮ ਹੈਰੋਇਨ ਅਤੇ ਚੀਨ ਦਾ ਬਣਿਆ ਇਕ ਡਰੋਨ ਬਰਾਮਦ ਹੋਇਆ। ਹੈਰੋਇਨ ਨੂੰ ਪੀਲੀ ਚਿਪਕਣ ਵਾਲੀ ਟੇਪ ਵਿੱਚ ਲਪੇਟਿਆ ਹੋਇਆ ਸੀ ਅਤੇ ਪੈਕੇਟ ਦੇ ਨਾਲ ਇੱਕ ਧਾਤ ਦੀ ਰਿੰਗ ਵੀ ਜੁੜੀ ਹੋਈ ਸੀ।